# Official Spokesperson's response to media queries regarding the statement made by the Spokesperson of the Office of the High Commissioner for Human Rights (OHCHR) on specific incidents in Jammu and Kashmir

December 02, 2021

## ਜੰਮੂ ਅਤੇ ਕਸ਼ਮੀਰ ਵਿੱਚ ਹੋਈਆਂ ਕੁੱਝ ਘਟਨਾਵਾਂ ਬਾਰੇ ਮਨੁੱਖੀ ਅਧਿਕਾਰ ਹਾਈ ਕਮਿਸ਼ਨਰ (OHCHR) ਦੇ ਦਫ਼ਤਰ ਦੇ ਬੁਲਾਰੇ ਦੁਆਰਾ ਦਿੱਤੇ ਗਏ ਬਿਆਨ ਦੇ ਸਬੰਧ ਵਿੱਚ ਮੀਡੀਆ ਦੇ ਸਵਾਲਾਂ ਦਾ ਸਰਕਾਰੀ ਬੁਲਾਰੇ ਵਲੋਂ ਜਵਾਬ

2 ਦਸੰਬਰ, 2021

ਜੰਮੂ ਅਤੇ ਕਸ਼ਮੀਰ ਵਿੱਚ ਹੋਈਆਂ ਕੁੱਝ ਘਟਨਾਵਾਂ ਬਾਰੇ ਮਨੁੱਖੀ ਅਧਿਕਾਰ ਹਾਈ ਕਮਿਸ਼ਨਰ ਦਫ਼ਤਰ (OHCHR) ਦੇ ਬੁਲਾਰੇ ਦੁਆਰਾ ਦਿੱਤੇ ਗਏ ਬਿਆਨ ਬਾਰੇ ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦੇ ਹੋਏ ਸਰਕਾਰੀ ਬੁਲਾਰੇ ਸ਼੍ਰੀ ਅਰਿੰਦਮ ਬਾਗਚੀ ਨੇ ਕਿਹਾ:

"ਅਸੀਂ ਜੰਮੂ-ਕਸ਼ਮੀਰ ਵਿੱਚ ਹੋਇਆਂ ਕੁੱਝ ਘਟਨਾਵਾਂ ਬਾਰੇ ਮਨੁੱਖੀ ਅਧਿਕਾਰ ਹਾਈ ਕਮਿਸ਼ਨਰ (OHCHR) ਦੇ ਦਫ਼ਤਰ ਦੇ ਬੁਲਾਰੇ ਦੁਆਰਾ ਦਿੱਤਾ ਗਿਆ ਬਿਆਨ ਪੜ੍ਹਿਆ ਹੈ।

ਇਸ ਬਿਆਨ ਵਿਚ ਭਾਰਤ ਦੇ ਕਾਨੂੰਨ ਲਾਗੂ ਕਰਨ ਵਾਲੇ ਅਧਿਕਾਰੀਆਂ ਅਤੇ ਸੁਰੱਖਿਆ ਬਲਾਂ 'ਤੇ ਬੇਬੁਨਿਆਦ ਇਲਜ਼ਾਮ ਲਾਇਆ ਗਿਆ ਹੈ।

ਇਸ ਨਾਲ ਭਾਰਤ ਨੂੰ ਸਰਹੱਦ-ਪਾਰ ਅੱਤਵਾਦ ਤੋਂ ਦਰਪੇਸ਼ ਸੁਰੱਖਿਆ ਚੁਣੌਤੀਆਂ ਅਤੇ ਜੰਮੂ-ਕਸ਼ਮੀਰ ਸਮੇਤ ਸਾਡੇ ਨਾਗਰਿਕਾਂ ਦੇ ਸਭ ਤੋਂ ਬੁਨਿਆਦੀ ਮਨੁੱਖੀ ਅਧਿਕਾਰ 'ਜੀਵਨ ਦੇ ਅਧਿਕਾਰ' 'ਤੇ ਪੈਣ ਵਾਲੇ ਇਸ ਦੇ ਪ੍ਰਭਾਵ ਬਾਰੇ OHCHR ਦੀ ਸਮਝ ਦੀ ਘਾਟ ਵੀ ਨਜ਼ਰ ਆਉਂਦੀ ਹੈ।

ਪ੍ਰਤੀਬੰਧਤ ਅੱਤਵਾਦੀ ਸੰਗਠਨਾਂ ਨੂੰ 'ਹਥਿਆਰਬੰਦ ਸਮੂਹਾਂ' ਕਹਿਣਾ OHCHR ਦਾ ਸਪੱਸ਼ਟ ਪੱਖਪਾਤ ਦਰਸਾਉਂਦਾ ਹੈ।

ਆਪਣੇ ਨਾਗਰਿਕਾਂ ਦੇ ਮਨੁੱਖੀ ਅਧਿਕਾਰਾਂ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਦੀ ਰੱਖਿਆ ਕਰਨ ਪ੍ਰਤੀ ਅਟੱਲ ਵਚਨਬੱਧਤਾ ਵਾਲੇ ਲੋਕਤਾਂਤਰਿਕ ਦੇਸ਼ ਹੋਣ ਦੇ ਨਾਤੇ ਭਾਰਤ ਸਰਹੱਦ ਪਾਰ ਅੱਤਵਾਦ ਦਾ ਮੁਕਾਬਲਾ ਕਰਨ ਲਈ ਸਾਰੇ ਲੋੜੀਂਦੇ ਕਦਮ ਚੁੱਕਦਾ ਹੈ।

ਗੈਰਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ, 1967 (UAPA) ਵਰਗੇ ਰਾਸ਼ਟਰੀ ਸੁਰੱਖਿਆ ਕਾਨੂੰਨ ਭਾਰਤ ਦੀ ਪ੍ਰਭੂਸੱਤਾ ਦੀ ਰੱਖਿਆ ਅਤੇ ਇਸਦੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸੰਸਦ ਦੁਆਰਾ ਲਾਗੂ ਕੀਤੇ ਗਏ ਸਨ।

ਇਸ ਬਿਆਨ ਵਿੱਚ ਜਿਸ ਵਿਅਕਤੀ ਦਾ ਜ਼ਿਕਰ ਹੈ, ਉਸਦੀ ਗ੍ਰਿਫਤਾਰੀ ਅਤੇ ਬਾਅਦ ਵਿੱਚ ਨਜ਼ਰਬੰਦੀ ਪੂਰੀ ਤਰ੍ਹਾਂ ਕਾਨੂੰਨ ਦੇ ਪ੍ਰਾਵਧਾਨਾਂ ਅਨੁਸਾਰ ਕੀਤੀ ਗਈ ਸੀ।

ਭਾਰਤ ਵਿੱਚ ਅਧਿਕਾਰੀ ਕਾਨੂੰਨ ਦੀ ਉਲੰਘਣਾ ਦੇ ਵਿਰੁੱਧ ਕੰਮ ਕਰਦੇ ਹਨ ਨਾ ਕਿ ਅਧਿਕਾਰਾਂ ਦੀ ਜਾਇਜ਼ ਵਰਤੋਂ ਦੇ ਵਿਰੁੱਧ। ਅਜਿਹੀਆਂ ਸਾਰੀਆਂ ਕਾਰਵਾਈਆਂ ਪੂਰੀ ਤਰਾਂ ਕਾਨੂੰਨ ਅਨੁਸਾਰ ਕੀਤੀਆਂ ਜਾਂਦੀਆਂ ਹਨ।

ਅਸੀਂ OHCHR ਨੂੰ ਮਨੁੱਖੀ ਅਧਿਕਾਰਾਂ 'ਤੇ ਪੈਣ ਵਾਲੇ ਅੱਤਵਾਦ ਦੇ ਮਾੜੇ ਪ੍ਰਭਾਵਾਂ ਦੀ ਬਿਹਤਰ ਸੋਝੀ ਵਿਕਸਿਤ ਕਰਨ ਦੀ ਅਪੀਲ ਕਰਦੇ ਹਾਂ।"

ਨਵੀਂ ਦਿੱਲੀ
2 ਦਸੰਬਰ, 2021

DISCLAIMER: This is an approximate translation. The original is available in English on MEA’s website and may be referred to as the official press release.